**ਸਭ ਸ੍ਰਿਸਟਿ ਸੇਵੇ ਦਿਨੁ ਰਾਤਿ ਜੀਉ ॥ ਦੇ ਕੰਨੁ ਸੁਣਹੁ ਅਰਦਾਸਿ ਜੀਉ ॥ ਠੋਕਿ ਵਜਾਇ ਸਭ ਡਿਠੀਆ ਤੁਸਿ ਆਪੇ ਲਇਅਨੁ ਛਡਾਇ ਜੀਉ ॥੧੨॥ ਹੁਣਿ ਹੁਕਮੁ ਹੋਆ ਮਿਹਰਵਾਣ ਦਾ ॥ ਪੈ ਕੋਇ ਨ ਕਿਸੈ ਰਞਾਣਦਾ ॥ ਸਭ ਸੁਖਾਲੀ ਵੁਠੀਆ ਇਹੁ ਹੋਆ ਹਲੇਮੀ ਰਾਜੁ ਜੀਉ ॥੧੩ ॥ ਝਿੰਮਿ ਝਿੰਮਿ ਅੰਮ੍ਰਿਤੁ ਵਰਸਦਾ ॥ ਬੋਲਾਇਆ ਬੋਲੀ ਖਸਮ ਦਾ ॥ ਬਹੁ ਮਾਣੁ ਕੀਆ ਤੁਧੁ ਉਪਰੇ ਤੂੰ ਆਪੇ ਪਾਇਹਿ ਥਾਇ ਜੀਉ ॥੧੪ ॥ ਤੇਰਿਆ ਭਗਤਾ ਭੁਖ ਸਦ ਤੇਰੀਆ ॥ ਹਰਿ ਲੋਚਾ ਪੂਰਨ ਮੇਰੀਆ ॥ ਦੇਹੁ ਦਰਸੁ ਸੁਖਦਾਤਿਆ ਮੈ ਗਲ ਵਿਚਿ ਲੈਹੁ ਮਿਲਾਇ ਜੀਉ ॥੧੫॥ ਤੁਧੁ ਜੇਵਡੁ ਅਵਰੁ ਨ ਭਾਲਿਆ ॥ ਤੂੰ ਦੀਪ ਲੋਅ ਪਇਆਲਿਆ ॥ ਤੂੰ ਥਾਨਿ ਥਨੰਤਰਿ ਰਵਿ ਰਹਿਆ ਨਾਨਕ ਭਗਤਾ ਸਚੁ ਅਧਾਰੁ ਜੀਉ ॥੧੬॥** **{ਪੰਨਾ 74}**

ਪਦਅਰਥ:- ਦੇ ਕੰਨੁ—ਕੰਨ ਦੇ ਕੇ, ਪੂਰੇ ਧਿਆਨ ਨਾਲ। ਸੁਣਹੁ—(ਹੇ ਪ੍ਰਭੂ ਜੀ!) ਤੁਸੀ ਸੁਣਦੇ ਹੋ। ਠੋਕਿ ਵਜਾਇ—ਠਣਕ ਕੇ, ਵਜਾ ਕੇ, ਚੰਗੀ ਤਰ੍ਹਾਂ ਪਰਖ ਕਰ ਕੇ। ਤੁਸਿ—ਪ੍ਰਸੰਨ ਹੋ ਕੇ। ਲਇਅਨੁ—ਲਏ ਉਨਿ, ਉਸ ਪ੍ਰਭੂ ਨੇ ਲਏ ਹਨ।12।

ਪੈ—ਪੈ ਕੇ , ਜ਼ੋਰ ਪਾ ਕੇ। ਕੋਇ —ਕੋਈ ਭੀ ਕਾਮਾਦਿਕ ਵਿਕਾਰ। ਰਞਾਣਦਾ —ਦੁਖੀ ਕਰਦਾ। ਵੁਠੀਆ—ਵੁੱਠੀਆ, ਵੱਸ ਪਈ ਹੈ। ਹਲੇਮੀ ਰਾਜੁ —ਹਲੀਮੀ ਦਾ ਰਾਜ , ਨਿਮ੍ਰਤਾ ਸੁਭਾਵ ਦਾ ਰਾਜ।13।

ਝਿੰਮਿ ਝਿੰਮਿ—ਮੱਠਾ ਮੱਠਾ, ਸਹਜੇ ਸਹਜੇ, ਆਤਮਕ ਅਡੋਲਤਾ ਵਿਚ। ਅੰਮ੍ਰਿਤੁ—ਆਤਮਕ ਜੀਵਨ ਦੇਣ ਵਾਲੀ ਨਾਮ -ਵਰਖਾ। ਬੋਲੀ—ਬੋਲੀ, ਮੈਂ ਬੋਲਦਾ ਹਾਂ। ਪਾਇਹਿ —ਪਾਇਹਿਂ, ਤੂੰ ਪਾਂਦਾ ਹੈਂ। ਥਾਇ—ਥਾਂ ਵਿਚ।14।

ਪੂਰਨ—ਪੂਰੀ ਕਰ। ਲੋਚਾ—ਤਾਂਘ।15।

ਦੀਪ—ਦੀਪਾਂ ਵਿਚ, ਦੇਸਾਂ ਵਿਚ। ਲੋਅ—(ਚੌਦਾਂ) ਲੋਕਾਂ ਵਿਚ। ਥਾਨਿ—ਥਾਂ ਵਿਚ। ਥਨੰਤਰਿ—ਥਾਨ ਅੰਤਰਿ, ਹੋਰ ਥਾਂ ਵਿਚ। ਥਾਨਿ ਥਨੰਤਰਿ —ਹਰੇਕ ਥਾਂ ਵਿਚ। ਸਚੁ —ਸੱਚ, ਸਦਾ-ਥਿਰ ਪ੍ਰਭੂ ਦਾ ਨਾਮ। ਅਧਾਰੁ—ਆਸਰਾ।16।

ਅਰਥ:- (ਹੇ ਪ੍ਰਭੂ!) ਸਾਰੀ ਸ੍ਰਿਸ਼ਟੀ ਦਿਨ ਰਾਤ ਤੇਰੀ ਹੀ ਸੇਵਾ ਭਗਤੀ ਕਰਦੀ ਹੈ , ਤੂੰ (ਹਰੇਕ ਜੀਵ ਦੀ) ਅਰਦਾਸ ਧਿਆਨ ਨਾਲ ਸੁਣਦਾ ਹੈਂ।

(ਹੇ ਭਾਈ!) ਮੈਂ ਸਾਰੀ ਲੁਕਾਈ ਨੂੰ ਚੰਗੀ ਤਰ੍ਹਾਂ ਪਰਖ ਕੇ ਵੇਖ ਲਿਆ ਹੈ (ਜਿਨ੍ਹਾਂ ਜਿਨ੍ਹਾਂ ਨੂੰ ਵਿਕਾਰਾਂ ਤੋਂ ਛਡਾਇਆ ਹੈ) ਪ੍ਰਭੂ ਨੇ ਆਪ ਹੀ ਪ੍ਰਸੰਨ ਹੋ ਕੇ ਛਡਾਇਆ ਹੈ।12।

(ਜਿਸ ਜਿਸ ਉਤੇ ਪ੍ਰਭੂ ਦੀ ਮਿਹਰ ਹੋਈ ਹੈ ਉਹ) ਸਾਰੀ ਲੁਕਾਈ (ਅੰਤਰ ਆਤਮੇ) ਆਤਮਕ ਆਨੰਦ ਵਿਚ ਵੱਸ ਰਹੀ ਹੈ, (ਹਰੇਕ ਦੇ ਅੰਦਰ) ਇਹ ਨਿਮ੍ਰਤਾ ਦਾ ਰਾਜ ਹੋ ਗਿਆ ਹੈ। ਮਿਹਰਬਾਨ ਪ੍ਰਭੂ ਦਾ ਹੁਣ ਐਸਾ ਹੁਕਮ ਵਰਤਿਆ ਹੈ ਕਿ ਕੋਈ ਭੀ ਕਾਮਾਦਿਕ ਵਿਕਾਰ (ਸਰਨ ਆਏ) ਕਿਸੇ ਨੂੰ ਭੀ ਦੁਖੀ ਨਹੀਂ ਕਰ ਸਕਦਾ।13।

ਹੇ ਪ੍ਰਭੂ! ਹੇ ਮੇਰੇ ਖਸਮ! ਮੈਂ ਭੀ ਤੇਰੀ ਹੀ ਪ੍ਰੇਰਨਾ ਨਾਲ ਤੇਰੀ ਸਿਫ਼ਤਿ -ਸਾਲਾਹ ਦੇ ਬੋਲ ਬੋਲ ਰਿਹਾ ਹਾਂ, ਆਤਮਕ ਅਡੋਲਤਾ ਪੈਦਾ ਕਰ ਕੇ ਤੇਰਾ ਨਾਮ -ਅੰਮ੍ਰਿਤ ਮੇਰੇ ਅੰਦਰ ਵਰਖਾ ਕਰ ਰਿਹਾ ਹੈ। ਮੈਂ ਤੇਰੇ ਉਤੇ ਹੀ ਮਾਣ ਕਰਦਾ ਆਇਆ ਹਾਂ (ਮੈਨੂੰ ਨਿਸ਼ਚਾ ਹੈ ਕਿ ) ਤੂੰ ਆਪ ਹੀ (ਮੈਨੂੰ) ਕਬੂਲ ਕਰ ਲਏਂਗਾ।14।

ਹੇ ਪ੍ਰਭੂ! ਤੇਰੀ ਭਗਤੀ ਕਰਨ ਵਾਲੇ ਵਡਭਾਗੀਆਂ ਨੂੰ ਸਦਾ ਤੇਰੇ ਦਰਸਨ ਦੀ ਭੁੱਖ ਲੱਗੀ ਰਹਿੰਦੀ ਹੈ। ਹੇ ਹਰੀ! ਮੇਰੀ ਭੀ ਇਹ ਤਾਂਘ ਪੂਰੀ ਕਰ। ਹੇ ਸੁਖਾਂ ਦੇ ਦੇਣ ਵਾਲੇ ਪ੍ਰਭੂ ! ਮੈਨੂੰ ਆਪਣਾ ਦਰਸਨ ਦੇਹ, ਮੈਨੂੰ ਆਪਣੇ ਗਲ ਨਾਲ ਲਾ ਲੈ।15।

ਹੇ ਪ੍ਰਭੂ! ਤੂੰ ਸਾਰੇ ਦੇਸਾਂ ਵਿਚ ਸਾਰੇ ਭਵਨਾਂ ਵਿਚ ਤੇ ਪਾਤਾਲਾਂ ਵਿਚ ਵੱਸਦਾ ਹੈਂ। ਤੇਰੇ ਬਰਾਬਰ ਦਾ ਕੋਈ ਹੋਰ (ਕਿਤੇ ਭੀ) ਨਹੀਂ ਲੱਭਦਾ। ਹੇ ਪ੍ਰਭੂ! ਤੂੰ ਹਰੇਕ ਥਾਂ ਵਿਚ ਵਿਆਪਕ ਹੈਂ।

ਹੇ ਨਾਨਕ! ਪ੍ਰਭੂ ਦੀ ਭਗਤੀ ਕਰਨ ਵਾਲਿਆਂ ਬੰਦਿਆਂ ਨੂੰ ਸਦਾ -ਥਿਰ ਪ੍ਰਭੂ ਦਾ ਨਾਮ ਹੀ (ਜੀਵਨ ਲਈ) ਸਹਾਰਾ ਹੈ।16।